28-Tarntaran-5-6-7-8.qxd 10/28/2025 11:52 PM Page 4

ਤਰਨ ਤਾਰਨ ਸ਼ਹਿਰ ਵਿਚ ਕਾਂਗਰਸੀ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿਚ ਚੋਣ ਪ੍ਰਚਾਰ ਕਰਦੇ ਹੋਏ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਉਨ੍ਹਾਂ ਨਾਲ ਹੋਰ। ਤਸਵੀਰਾਂ:ਮਨਜੀਤ ਸਿੰਘ

ਰਾਜਾ ਵੜਿੰਗ ਨੇ ਸ਼ਹਿਰ ਦੇ ਵਾਰਡਾਂ ਵਿਚ ਘਰ-ਘਰ ਜਾ ਕੇ ਕੀਤਾ ਚੋਣ ਪ੍ਰਚਾਰ

ਵੜਿੰਗ ਨੇ ਕਿਹਾ ਪ੍ਰਚਾਰ ਦੌਰਾਨ ਪਤਾ ਲੱਗਾ ਕਿ ਲੋਕ 'ਆਪ' ਦੀਆਂ ਨੀਤੀਆਂ ਤੋਂ ਕਿੰਨੇ ਪ੍ਰੇਸ਼ਾਨ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)- ਡੋਰ ਟੂ ਡੋਰ ਚੋਣ ਪ੍ਰਚਾਰ ਦੌਰਾਨ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਮੰਗਲਵਾਰ ਨੂੰ ਤਰਨ ਤਾਰਨ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਦੁਕਾਨਦਾਰਾਂ ਨਾਲ ਮੁਲਾਕਾਤ ਕੀਤੀ ਅਤੇ ਔਰਤਾਂ ਨਾਲ ਚੋਣ ਮੁੱਦਿਆਂ 'ਤੇ ਚਰਚਾ ਕੀਤੀ। ਇਸ ਮੌਕੇ ਉਨ੍ਹਾਂ ਨਾਲ ਮੋਹਾਲੀ ਦੇ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ, ਸਾਬਕਾ ਵਿਧਾਇਕ ਸੁਨੀਲ ਦੱਤੀ, ਕਾਂਗਰਸ ਜ਼ਿਲ੍ਹਾ ਉਪ ਪ੍ਰਧਾਨ ਅਵਤਾਰ ਸਿੰਘ ਤਨੇਜਾ, ਰਿਤਿਕ ਅਰੋੜਾ ਅਤੇ ਲਖਵਿੰਦਰ ਸਿੰਘ ਲੱਕੀ ਪਾਗਲ ਵੀ ਮੌਜੂਦ ਸਨ। ਰਾਜਾ ਵੜਿੰਗ ਨੇ ਕਿਹਾ ਕਿ ਚੋਣਾਂ ਵਿਚ ਔਰਤਾਂ ਦੀ ਅਹਿਮ ਭੂਮਿਕਾ ਹੁੰਦੀ ਹੈ। ਔਰਤਾਂ 'ਆਪ' ਸਰਕਾਰ ਵਲੋਂ ਉਨ੍ਹਾਂ ਨੂੰ 1 ਹਜ਼ਾਰ ਰੁਪਏ ਮਹੀਨਾਵਾਰ ਭੱਤਾ ਦੇਣ ਦੇ ਵਾਅਦੇ ਤੋਂ ਨਿਰਾਸ਼ ਹਨ। ਸਰਕਾਰ ਆਪਣੇ ਸਾਢੇ ਤਿੰਨ ਸਾਲਾਂ ਦੇ ਕਾਰਜਕਾਲ ਵਿੱਚ ਵੀ ਇਸ ਵਾਅਦੇ ਨੂੰ ਪੂਰਾ ਕਰਨ ਵਿੱਚ ਅਸਫਲ ਰਹੀ ਅਤੇ ਹੁਣ ਇਸ ਨੇ ਚੋਣਾਂ ਵਿਚ ਔਰਤਾਂ ਨੂੰ 1 ਹਜ਼ਾਰ ਰੁਪਏ ਦੇਣ ਦਾ ਮੁੱਦਾ ਉਠਾਇਆ ਹੈ, ਪਰ ਹੁਣ ਔਰਤਾਂ ਮੂਰਖ ਨਹੀਂ ਬਣਨਗੀਆਂ। ਉਨ੍ਹਾਂ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਕਿਹਾ ਕਿ ਕਰਨ ਬੁਰਜ ਕਾਂਗਰਸ ਵਿਧਾਇਕ ਚੁਣੇ ਜਾਣ 'ਤੇ, ਉਹ ਸਮਾਜ ਦੇ ਸਾਰੇ ਵਰਗਾਂ ਨੂੰ ਦਰਪੇਸ਼ ਮੁੱਦਿਆਂ ਨੂੰ ਹੱਲ ਕਰਨ ਨੂੰ ਤਰਜੀਹ ਦੇਣਗੇ। ਉਨ੍ਹਾਂ ਅੱਗੇ ਕਿਹਾ ਕਿ ਆਪਣੇ ਘਰ-ਘਰ ਪ੍ਰਚਾਰ ਰਾਹੀਂ ਉਨ੍ਹਾਂ ਨੂੰ ਅਹਿਸਾਸ ਹੋਇਆ ਕਿ ਲੋਕ 'ਆਪ' ਸਰਕਾਰ ਦੀਆਂ ਨੀਤੀਆਂ ਤੋਂ ਕਿੰਨੇ ਨਾਖੁਸ਼ ਹਨ। ਉਨ੍ਹਾਂ ਅੱਗੇ ਕਿਹਾ ਕਿ ਸਮਾਜ ਦਾ ਹਰ ਵਰਗ ਸਰਕਾਰ ਤੋਂ ਨਰਾਜ਼ ਹੈ। ਇਸ ਮੌਕੇ ਵਾਰਡ ਵਾਸੀਆਂ ਨੇ ਰਾਜਾ ਵੜਿੰਗ ਨੂੰ ਭਰੋਸਾ ਦਿੱਤਾ ਕਿ ਉਹ ਕਾਂਗਰਸ ਉਮੀਦਵਾਰ ਕਰਨ ਬੁਰਜ ਦੀ ਭਾਰੀ ਜਿੱਤ ਨੂੰ ਯਕੀਨੀ ਬਣਾਉਣਗੇ ਅਤੇ ਉਨ੍ਹਾਂ ਨੂੰ ਹਲਕੇ ਦਾ ਵਿਧਾਇਕ ਬਣਾਉਣਗੇ।

ਤਰਨ ਤਾਰਨ ਸ਼ਹਿਰ 'ਚੋਂ ਸ਼੍ਰੋਮਣੀ ਅਕਾਲੀ ਦਲ ਵਿਚ ਕਈ ਪਰਿਵਾਰਾਂ ਨੇ ਕੀਤੀ ਸਮੂਲੀਅਤ

ਬੀਬੀ ਸੁਖਵਿੰਦਰ ਕੌਰ ਦੀ ਚੋਣ ਮੁਹਿੰਮ ਨੂੰ ਮਿਲਿਆ ਵੱਡਾ ਬਲ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)- ਤਰਨਤਾਰਨ ਦੀ ਜ਼ਿਮਨੀ ਚੋਣ ਲਈ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਰੰਧਾਵਾ ਦੀ ਚੋਣ ਮੁਹਿੰਮ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਤਰਨ ਤਾਰਨ ਸ਼ਹਿਰ ਦੇ ਜੰਡਿਆਲਾ ਰੋਡ ਉਪਰ ਰਹਿੰਦੇ ਕਈ ਪਰਿਵਾਰਾਂ ਨੇ ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਅਕਾਲੀ ਦਲ ਵਿਚ ਸ਼ਾਮਿਲ ਹੋ ਗਏ। ਪਾਰਟੀ ਵਿਚ ਸ਼ਾਮਿਲ ਹੋਣ 'ਤੇ ਬੀਬੀ ਸੁਖਵਿੰਦਰ ਕੌਰ ਰੰਧਾਵਾ ਨੇ ਪਾਰਟੀ ਵਿਚ ਸ਼ਾਮਿਲ ਹੋਣ ਵਾਲੇ ਪਰਿਵਾਰਾਂ ਦਾ ਸਨਮਾਨ ਕੀਤਾ। ਇਸ ਮੌਕੇ ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੀ ਇਕ ਐਸੀ ਪਾਰਟੀ ਹੈ, ਜਿਸ ਨੇ ਜਾਤੀਵਾਦ ਤੋਂ ਉਪਰ ਉਠ ਕੇ ਹਰੇਕ ਵਰਗ ਨੂੰ ਬਰਾਬਰ ਸਮਝਿਆ ਹੈ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਉਸਾਰੂ ਸੋਚ ਸਦਕਾ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਦੀ ਤਰ੍ਹਾਂ ਮਜ਼ਬੂਤ ਹੋ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਉਨ੍ਹਾਂ ਦੇ ਹੱਕ ਵਿਚ ਵੋਟਾਂ ਪਾ ਕੇ ਉਨ੍ਹਾਂ ਨੂੰ ਕਾਮਯਾਬ ਕਰਨ। ਇਸ ਮੌਕੇ ਕੌਂਸਲਰ ਸੰਜੀਵ ਕੁੰਦਰਾ, ਸੋਨੂੰ ਦੋਦੇ, ਸਤਿੰਦਰਜੀਤ ਸਿੰਘ, ਜਸਬੀਰ ਸਿੰਘ ਮਿੰਟੂ ਤੋਂ ਇਲਾਵਾ ਵੱਡੀ ਗਿਣਤੀ ਵਿਚ ਲੋਕ ਮੌਜੂਦ ਸਨ।

ਪਿੰਡ ਗੋਹਲਵੜ੍ਹ ਵਿਖੇ ਅਕਾਲੀ ਉਮੀਦਵਾਰ ਪ੍ਰਿੰਸੀ. ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਚੋਣ ਪ੍ਰਚਾਰ ਦੌਰਾਨ ਰਵਿੰਦਰ ਸਿੰਘ ਬ੍ਰਹਮਪੁਰਾ ਨਾਲ ਹਨ ਹੋਰ। ਤਸਵੀਰ: ਮਨਜੀਤ ਸਿੰਘ

ਮਾਨ ਸਰਕਾਰ ਨੇ ਤਰਨ ਤਾਰਨ ਵਿਚ ਆਸ਼ੀਰਵਾਦ ਸਕੀਮ ਤਹਿਤ 12.96 ਕਰੋੜ ਰੁਪਏ ਕੀਤੇ ਜਾਰੀ-ਹਰਮੀਤ ਸਿੰਘ ਸੰਧੂ

2542 ਧੀਆਂ ਨੂੰ ਦਿੱਤਾ 51-51 ਹਜ਼ਾਰ ਰੁਪਏ ਦਾ ਆਸ਼ੀਰਵਾਦ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-,ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਸਮਾਜ ਭਲਾਈ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਹੈ ਕਿ 'ਆਪ' ਸਰਕਾਰ ਸਹੀ ਮਾਅਨਿਆਂ ਵਿਚ ਗਰੀਬਾਂ, ਲੋੜਵੰਦਾਂ ਅਤੇ ਆਮ ਲੋਕਾਂ ਦੀ ਆਪਣੀ ਸਰਕਾਰ ਹੈ। ਹਰਮੀਤ ਸਿੰਘ ਸੰਧੂ ਨੇ ਤਾਜ਼ਾ ਅੰਕੜਿਆਂ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ 'ਆਸ਼ੀਰਵਾਦ ਸਕੀਮ' ਤਹਿਤ ਸਾਲ 2024-25 ਦੌਰਾਨ ਜ਼ਿਲ੍ਹਾ ਤਰਨ ਤਾਰਨ ਦੇ 2542 ਯੋਗ ਬਿਨੈਕਾਰਾਂ ਨੂੰ ਕੁੱਲ 12 ਕਰੋੜ 96 ਲੱਖ ਰੁਪਏ ਦੀ ਵਿੱਤੀ ਸਹਾਇਤਾ ਰਾਸ਼ੀ ਜਾਰੀ ਕੀਤੀ ਗਈ ਹੈ। ਇਸ ਸਕੀਮ ਤਹਿਤ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਪਰਿਵਾਰਾਂ ਨੂੰ ਉਨ੍ਹਾਂ ਦੀ ਧੀ ਦੇ ਵਿਆਹ ਮੌਕੇ 51-51 ਹਜਾਰ ਰੁਪਏ ਦੇ ਹਿਸਾਬ ਨਾਲ ਸ਼ਗਨ ਦਿੱਤਾ ਗਿਆ ਹੈ। ਸੰਧੂ ਨੇ ਰਿਵਾਇਤੀ ਪਾਰਟੀਆਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਦੌਰਾਨ ਇਹ ਸਕੀਮ ਸਿਰਫ਼ ਕਾਗਜ਼ਾਂ ਤੱਕ ਹੀ ਸੀਮਤ ਰਹਿ ਗਈ ਸੀ। ਉਨ੍ਹਾਂ ਕਿਹਾ ਕਿ ਪਹਿਲਾਂ ਲੋਕਾਂ ਨੂੰ 51,000 ਰੁਪਏ ਦਾ ਸ਼ਗਨ ਲੈਣ ਲਈ ਸਾਲਾਂ-ਬੱਧੀ ਸਰਕਾਰੀ ਦਫ਼ਤਰਾਂ ਦੇ ਚੱਕਰ ਕੱਟਣੇ ਪੈਂਦੇ ਸਨ ਅਤੇ ਅਕਸਰ ਉਨ੍ਹਾਂ ਨੂੰ ਖੱਜਲ-ਖੁਆਰ ਹੋਣਾ ਪੈਂਦਾ ਸੀ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਨਾ ਸਿਰਫ਼ ਪੁਰਾਣੇ ਸਾਰੇ ਬਕਾਏ ਕਲੀਅਰ ਕੀਤੇ, ਸਗੋਂ ਇਹ ਯਕੀਨੀ ਬਣਾਇਆ ਕਿ ਲਾਭਪਾਤਰੀਆਂ ਨੂੰ ਬਿਨਾਂ ਕਿਸੇ ਰਿਸ਼ਵਤ ਜਾਂ ਦੇਰੀ ਦੇ ਪੈਸਾ ਸਿੱਧਾ ਉਨ੍ਹਾਂ ਦੇ ਬੈਂਕ ਖਾਤਿਆਂ ਵਿਚ ਮਿਲੇ। ਸੰਧੂ ਨੇ ਭਰੋਸਾ ਦਿਵਾਇਆ ਕਿ 'ਆਪ' ਸਰਕਾਰ ਭਵਿੱਖ ਵਿਚ ਵੀ ਤਰਨ ਤਾਰਨ ਦੇ ਲੋਕਾਂ ਦੀ ਭਲਾਈ ਲਈ ਇਸੇ ਤਰ੍ਹਾਂ ਪਾਰਦਰਸ਼ੀ ਅਤੇ ਇਮਾਨਦਾਰੀ ਨਾਲ ਕੰਮ ਕਰਦੀ ਰਹੇਗੀ।

ਹਰਮੀਤ ਸਿੰਘ ਸੰਧੂ

ਡੇਢ ਕਿੱਲੋ ਦੇ ਕਰੀਬ ਹੈਰੋਇਨ ਸਮੇਤ ਇਕ ਕਾਬੂ- ਮੁਕੱਦਮਾ ਦਰਜ

ਹੈਰੋਇਨ ਸਮੇਤ ਫੜੇ ਵਿਅਕਤੀ ਬਾਰੇ ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ. ਭਿੱਖੀਵਿੰਡ ਪ੍ਰੀਤ ਇੰਦਰ ਸਿੰਘ। ਤਸਵੀਰ: ਜੱਜ

ਖਾਲੜਾ, 28 ਅਕਤੂਬਰ (ਜੱਜਪਾਲ ਸਿੰਘ ਜੱਜ)-ਥਾਣਾ ਖਾਲੜਾ ਦੀ ਪੁਲਿਸ ਵਲੋਂ ਇਕ ਵਿਅਕਤੀ ਨੂੰ ਕਰੀਬ ਡੇਢ ਕਿੱਲੋ ਹੈਰੋਇਨ, ਇਕ ਐਕਟਿਵਾ ਬਿਨਾਂ ਨੰਬਰੀ ਅਤੇ ਇਕ ਮੋਬਾਈਲ ਫੋਨ ਸਮੇਤ ਕਾਬੂ ਕਰਨ ਦੀ ਖਬਰ ਹੈ। ਡੀ.ਐਸ.ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਸ.ਐਸ.ਪੀ. ਰਵਜੋਤ ਕੌਰ ਗਰੇਵਾਲ ਵਲੋਂ ਨਸ਼ਿਆਂ ਖਿਲਾਫ਼ ਚਲਾਈ ਵਿਸ਼ੇਸ਼ ਮੁਹਿੰਮ ਤਹਿਤ ਉਨ੍ਹਾਂ ਦੀ ਨਿਗਰਾਨੀ ਹੇਠ ਐਸ.ਆਈ. ਬਲਜਿੰਦਰ ਸਿੰਘ ਐਸ.ਐਚ.ਓ. ਥਾਣਾ ਖਾਲੜਾ ਵਲੋਂ ਮਾੜੇ ਅਨਸਰਾਂ ਨੂੰ ਨੱਥ ਪਾਉਣ ਸੰਬੰਧੀ ਏ.ਐਸ.ਆਈ. ਸਾਹਿਬ ਸਿੰਘ ਦੀ ਅਗਵਾਈ ਹੇਠ ਪੁਲਿਸ ਪਾਰਟੀ ਗਸ਼ਤ ਦੇ ਸੰਬੰਧ ਵਿਚ ਰਵਾਨਾ ਕੀਤੀ ਸੀ, ਜਦੋਂ ਗਸ਼ਤ ਪਾਰਟੀ ਦਾਣਾ ਮੰਡੀ ਵਾਂ ਤਾਰਾ ਸਿੰਘ ਵਿਚ ਮੌਜੂਦ ਸਨ ਕਿ ਉਨ੍ਹਾਂ ਨੂੰ ਖਾਸ ਇਤਲਾਹ ਮਿਲੀ ਕਿ ਐਸ.ਆਈ. ਦਇਆ ਸਿੰਘ ਪੁੱਤਰ ਸੁਰਜਨ ਸਿੰਘ, ਮਨਵੀਰ ਸਿੰਘ ਪੁੱਤਰ ਗੁਰਬੀਰ ਸਿੰਘ ਅਤੇ ਧਰਮਿੰਦਰ ਸਿੰਘ ਪੁੱਤਰ ਪੱਗਾ ਸਿੰਘ ਵਾਸੀਆਨ ਵਾਂ ਤਾਰਾ ਸਿੰਘ ਰਲ ਕੇ ਪਾਕਿਸਤਾਨ ਤੋਂ ਤਸਕਰਾਂ ਨੂੰ ਲੋਕੇਸ਼ਨ ਦੇ ਕੇ ਆਪਣੀ ਜ਼ਮੀਨ 'ਤੇ ਡਰੋਨਾਂ ਰਾਹੀਂ ਹੈਰੋਇਨ ਦੀਆਂ ਖੇਪਾਂ ਮੰਗਾਉਂਦੇ ਹਨ ਅਤੇ ਅੱਜ ਵੀ ਪਾਕਿਸਤਾਨ ਦੇ ਤਸਕਰਾਂ ਤੋਂ ਲੋਕੇਸ਼ਨ ਪਾ ਕੇ ਹੈਰੋਇਨ ਮੰਗਵਾਈ ਹੈ। ਜੇਕਰ ਹੁਣੇ ਹੀ ਖੇਤ ਵਿਚ ਛਾਪੇਮਾਰੀ ਕੀਤੀ ਜਾਵੇ ਤਾਂ ਹੈਰੋਇਨ ਸਮੇਤ ਕਾਬੂ ਆ ਸਕਦੇ ਹਨ, ਜਿਸ 'ਤੇ ਪੁਲਿਸ ਪਾਰਟੀ ਨੇ ਫੌਰੀ ਕਾਰਵਾਈ ਕਰਦਿਆਂ ਬੀ.ਐਸ.ਐਫ. ਦੇ ਕੰਪਨੀ ਕਮਾਂਡਰ ਰੁਪੇਸਵਨ ਨੂੰ ਸਮੇਤ ਬੀ.ਐਸ.ਐਫ. ਜਵਾਨ ਪਾਰਟੀ ਸ਼ਾਮਿਲ ਕਰਕੇ ਜਦੋਂ ਦੱਸੀ ਥਾਂ 'ਤੇ ਛਾਪਾਮਾਰੀ ਕੀਤੀ ਤਾਂ ਉਥੇ ਤਿੰਨ ਵਿਅਕਤੀ ਅਤੇ ਐਕਟਿਵਾ ਖੜੀ ਦਿਖਾਈ ਦਿੱਤੀ। ਜੋ ਪੁਲਿਸ ਪਾਰਟੀ ਨੂੰ ਵੇਖ ਕੇ ਦੋ ਵਿਅਕਤੀ ਆਪਣੇ ਹੱਥਾਂ ਵਿਚ ਪੀਲੇ ਰੰਗ ਦੀ ਵਸਤੂ ਫੜ ਕੇ ਖਿਸਕ ਗਏ ਤੇ ਇਕ ਵਿਅਕਤੀ ਸਮੇਤ ਪੀਲੇ ਰੰਗ ਦੇ ਪੈਕਟ ਸਮੇਤ ਕਾਬੂ ਕਰ ਲਿਆ ਗਿਆ, ਜਿਸ ਨੇ ਆਪਣਾ ਨਾਂਅ ਪੁੱਛਣ 'ਤੇ ਦਇਆ ਸਿੰਘ ਪੁੱਤਰ ਸੁਰਜਨ ਸਿੰਘ ਵਾਸੀ ਵਾਂ ਤਾਰਾ ਸਿੰਘ ਦੱਸਿਆ ਅਤੇ ਉਥੋਂ ਭੱਜਣ ਵਾਲੇ ਵਿਅਕਤੀਆਂ ਬਾਰੇ ਦੱਸਿਆ ਕਿ ਉਨ੍ਹਾਂ ਦਾ ਨਾਂਅ ਮਨਵੀਰ ਸਿੰਘ ਪੁੱਤਰ ਗੁਰਮੀਤ ਸਿੰਘ ਅਤੇ ਧਰਮਿੰਦਰ ਸਿੰਘ ਪੁੱਤਰ ਪੱਗਾ ਸਿੰਘ ਵਾਸੀਆਨ ਵਾਂ ਤਾਰਾ ਸਿੰਘ ਹੈ। ਦਇਆ ਸਿੰਘ ਕੋਲੋਂ ਜਿਹੜੀ ਹੈਰੋਇਨ ਬਰਾਮਦ ਕੀਤੀ ਗਈ ਉਸ ਦਾ ਵਜ਼ਨ ਇਕ ਕਿੱਲੋ 517 ਗ੍ਰਾਮ ਹੋਇਆ ਹੈ। ਉਕਤ ਵਿਅਕਤੀਆਂ ਵਿਰੁੱਧ ਥਾਣਾ ਖਾਲੜਾ ਵਲੋਂ ਵੱਖ-ਵੱਖ ਧਾਰਾਵਾਂ ਅਧੀਨ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਗਈ।

ਆਰ. ਐਮ. ਪੀ. ਆਈ. ਵਲੋਂ ਤਰਨ ਤਾਰਨ ਜ਼ਿਮਨੀ ਚੋਣ 'ਚ ਕਾਂਗਰਸ ਦੀ ਹਮਾਇਤ ਦਾ ਐਲਾਨ

ਜਲੰਧਰ, 28 ਅਕਤੂਬਰ (ਜਸਪਾਲ ਸਿੰਘ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੀ ਪੰਜਾਬ ਰਾਜ ਕਮੇਟੀ ਨੇ ਤਰਨ ਤਾਰਨ ਵਿਧਾਨ ਸਭਾ ਹਲਕੇ ਦੀ 11 ਨਵੰਬਰ ਨੂੰ ਹੋਣ ਜਾ ਰਹੀ ਜ਼ਿਮਨੀ ਚੋਣ 'ਚ 'ਇੰਡੀਆ' ਗਠਜੋੜ ਦੀ ਭਾਈਵਾਲ ਪਾਰਟੀ ਕਾਂਗਰਸ ਦੇ ਉਮੀਦਵਾਰ ਦੀ ਹਮਾਇਤ ਦਾ ਐਲਾਨ ਕਰਦੇ ਹੋਏ ਪਾਰਟੀ ਦੀ ਰਾਜ ਕਮੇਟੀ ਦੇ ਪ੍ਰਧਾਨ ਰਤਨ ਸਿੰਘ ਰੰਧਾਵਾ ਤੇ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਹੈ ਕਿ ਵੋਟਰਾਂ ਨੂੰ ਆਪਣੇ ਮਤ ਰਾਹੀਂ ਕੇਂਦਰੀ ਹੁਕਮਰਾਨਾਂ ਦੀਆਂ ਪੰਜਾਬ ਨੂੰ ਅਸਥਿਰ ਕਰਨ ਦੀਆਂ ਸਾਜ਼ਿਸ਼ਾਂ ਨੂੰ ਸਿਰੇ ਚੜ੍ਹਾਉਣ ਲਈ ਚੋਣ ਮੈਦਾਨ 'ਚ ਨਿੱਤਰੇ ਸ਼ਰਾਰਤੀ ਅਨਸਰਾਂ ਦੀ ਸਪਸ਼ਟ ਨਿਸ਼ਾਨਦੇਹੀ ਕਰਕੇ ਉਨ੍ਹਾਂ ਨੂੰ ਭਾਂਜ ਦੇਣੀ ਚਾਹੀਦੀ ਹੈ। ਸਾਥੀ ਰੰਧਾਵਾ ਤੇ ਜਾਮਾਰਾਏ ਨੇ ਕਿਹਾ ਕਿ ਆਰ.ਐਮ.ਪੀ.ਆਈ. ਧਰਮ ਫਿਰਕੂ ਸਦਭਾਵਨਾ ਅਤੇ ਭਾਈਚਾਰਕ ਸਾਂਝ ਦੀ ਰਾਖੀ ਤੇ ਮਜਬੂਤੀ ਲਈ ਹਰ ਕਿਸਮ ਦੀਆਂ ਵੰਡਵਾਦੀ ਤਾਕਤਾਂ ਨੂੰ ਹਰਾਉਣ ਦੀ ਆਪਣੀ ਨੀਤੀ ਅਨੁਸਾਰ 'ਇੰਡੀਆ' ਗਠਜੋੜ ਦੀ ਮੁੱਖ ਭਾਈਵਾਲ ਪਾਰਟੀ, ਕਾਂਗਰਸ (ਆਈ) ਦੇ ਉਮੀਦਵਾਰ ਦੀ ਡੱਟਵੀਂ ਹਮਾਇਤ ਕਰੇਗੀ। ਇਸ ਸੰਬੰਧੀ ਪਾਰਟੀ ਵਲੋਂ ਆਉਣ ਵਾਲੀ 7 ਨਵੰਬਰ ਨੂੰ ਜਿਲ੍ਹਾ ਪੱਧਰੀ ਰੈਲੀ ਕੀਤੀ ਜਾਵੇਗੀ, ਜਿਸ ਨੂੰ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਸੰਬੋਧਨ ਕਰਨਗੇ।

'ਆਪ' ਸਰਕਾਰ ਹਰ ਫਰੰਟ 'ਤੇ ਫੇਲ੍ਹ-ਬ੍ਰਹਮਪੁਰਾ

ਗੋਹਲਵੜ 'ਚ ਅਕਾਲੀ ਉਮੀਦਵਾਰ ਦੇ ਹੱਕ 'ਚ ਵਰਕਰਾਂ ਦਾ ਭਾਰੀ ਇਕੱਠ

ਤਰਨ ਤਾਰਨ, 28 ਅਕਤੂਬਰ (ਹਰਿੰਦਰ ਸਿੰਘ)-ਸ਼੍ਰੋਮਣੀ ਅਕਾਲੀ ਦਲ ਦੇ ਮੀਤ ਪ੍ਰਧਾਨ ਅਤੇ ਹਲਕਾ ਖਡੂਰ ਸਾਹਿਬ ਦੇ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਨੇ ਅੱਜ 'ਆਪ' ਸਰਕਾਰ 'ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਜਦੋਂ ਤੋਂ ਇਹ ਸਰਕਾਰ ਬਣੀ ਹੈ, ਇਸਨੇ ਸਿਵਾਏ ਦਿੱਲੀ ਬੈਠੇ ਆਪਣੇ ਆਕਾਵਾਂ ਨੂੰ ਖੁਸ਼ ਕਰਨ ਦੇ, ਪੰਜਾਬ ਅਤੇ ਪੰਜਾਬੀਆਂ ਲਈ ਕੱਖ ਨਹੀਂ ਕੀਤਾ। ਉਹ ਅੱਜ ਪਿੰਡ ਗੋਹਲਵੜ ਵਿਖੇ ਸਾਬਕਾ ਸਰਪੰਚ ਅਤੇ ਸਾਬਕਾ ਚੇਅਰਮੈਨ ਮਿਲਕ ਪਲਾਂਟ ਵੇਰਕਾ ਅੰਮ੍ਰਿਤਸਰ ਸਵ. ਬਲਬੀਰ ਸਿੰਘ ਦੇ ਗ੍ਰਹਿ ਵਿਖੇ ਤਰਨ ਤਾਰਨ ਜ਼ਿਮਨੀ ਚੋਣ ਸੰਬੰਧੀ ਪਾਰਟੀ ਉਮੀਦਵਾਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਦੇ ਹੱਕ ਵਿਚ ਹੋਈ ਇਕ ਭਰਵੀਂ ਵਰਕਰ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਬ੍ਰਹਮਪੁਰਾ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿਚ ਵਰਕਰਾਂ ਦਾ ਉਤਸ਼ਾਹ ਦੇਖਦਿਆਂ ਹੀ ਬਣਦਾ ਸੀ, ਜੋ ਸਾਬਤ ਕਰਦਾ ਹੈ ਕਿ ਤਰਨ ਤਾਰਨ ਦੇ ਲੋਕ ਬਦਲਾਅ ਲਈ ਤਿਆਰ ਹਨ। ਇਸ ਮੌਕੇ ਬੋਲਦਿਆਂ ਬ੍ਰਹਮਪੁਰਾ ਨੇ ਕਿਹਾ ਕਿ 'ਆਪ' ਸਰਕਾਰ ਦੀ ਸਭ ਤੋਂ ਵੱਡੀ ਨਾਕਾਮੀ ਇਹ ਰਹੀ ਹੈ ਕਿ ਇਹ ਪੰਜਾਬ ਦੇ ਲੋਕਾਂ, ਖਾਸ ਕਰਕੇ ਕਿਸਾਨਾਂ ਦੇ ਦੁੱਖ-ਦਰਦ ਨੂੰ ਸਮਝਣ ਵਿਚ ਪੂਰੀ ਤਰ੍ਹਾਂ